ਨੰ: 11/15/2002-2ਸਿ:3/ 13708

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਸਟਾਰ ਪਲੱਸ ਕਾਨਵੇਂਟ ਸਕੂਲ,
ਰਾਮਾ ਮੰਡੀ,
ਜ਼ਿਲ੍ਹਾ ਬਠਿੰਡਾ।

ਮਿਤੀ, ਚੰਡੀਗੜ੍ਹ: 26ਜੂਨ,2002

ਵਿਸ਼ਾ:- ਸੀ.ਬੀ.ਐਸ.ਈ./~~[illegible]~~ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਬਤ।

*************

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: 'ਨਿਲ' ਮਿਤੀ 'ਨਿਲ' ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ਬਠਿੰਡਾ ਅਤੇ ਡੀ.ਪੀ.ਆਈ. ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1) ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ-ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ./~~ਆਈ.ਸੀ.ਐਸ.ਈ.~~ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3) ਸੀ.ਬੀ.ਐਸ.ਈ./~~ਆਈ.ਸੀ.ਐਸ.ਈ.~~ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੰਯੁਕਤ ਸਕੱਤਰ, ਸਿੱਖਿਆ

ਪਿੱਠ ਅੰਕਣ ਨੰ: 11/15/2002-2ਸਿ:3/ ਮਿਤੀ, ਚੰਡੀਗੜ੍ਹ: 26ਜੂਨ,2002

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ (ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/6/2002-ਗ੍ਰਾਂਟ-1(2), ਮਿਤੀ 28.5.2002, ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਹੈ ਜਾਂ ਨਹੀਂ।

ਸੰਯੁਕਤ ਸਕੱਤਰ, ਸਿੱਖਿਆ